ਭਾਈਚਾਰੇ ਸੰਬੰਧੀ ਸੇਵਾਵਾਂ ਲਈ ਸੰਯੁਕਤ ਰਾਜ ਦਾ ਨਿਆਂ ਵਿਭਾਗ (U.S. Department of Justice Community Relations Service)

ਧਰਮ ਸਥਾਨਾਂ ਦੀ ਰੱਖਿਆ ਕਰਨੀ

ਸਿੱਖਿਆ ਅਤੇ ਗੱਲਬਾਤ ਰਾਹੀਂ

ਭਾਈਚਾਰੇ ਸੰਬੰਧੀ ਸੇਵਾਵਾਂ ਲਈ ਸੰਯੁਕਤ ਰਾਜ ਦੇ ਨਿਆਂ ਵਿਭਾਗ (U.S. Department of Justice Community Relations Service) (ਸੀ.ਆਰ.ਐਸ.) (CRS) ਦਾ ਵਿਅਕਤੀਗਤ ਤੌਰ 'ਤੇ ਕਰਵਾਇਆ ਜਾਣ ਵਾਲਾ ਪ੍ਰੋਗਰਾਮ, ਧਰਮ ਸਥਾਨਾਂ ਦੀ ਰੱਖਿਆ ਕਰਨਾ, ਸਥਾਨਕ ਭਾਈਚਾਰਿਆਂ ਨੂੰ ਸਿੱਖਿਆ ਪ੍ਰਦਾਨ ਕਰਦਾ ਹੈ ਕਿ ਧਾਰਮਿਕ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਨਫ਼ਰਤ ਅਪਰਾਧਾਂ ਨੂੰ ਕਿਵੇਂ ਰੋਕਣਾ ਹੈ ਅਤੇ ਉਹਨਾਂ ਦਾ ਕਿਵੇਂ ਜਵਾਬ ਦੇਣਾ ਹੈ ਅਤੇ ਸਰਕਾਰ, ਕਨੂੰਨ ਅਮਲੀਕਰਨ ਸੰਸਥਾਵਾਂ, ਅਤੇ ਮਤ ਆਧਾਰਿਤ ਭਾਈਚਾਰਿਆਂ ਵਿਚਕਾਰ ਸੰਬੰਧਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਗੱਲਬਾਤ ਸ਼ੁਰੂ ਕਰਵਾਉਂਦਾ ਹੈ।

ਇਹ ਤਿੰਨ ਘੰਟਿਆਂ ਦਾ ਪ੍ਰੋਗਰਾਮ ਪੂਰੇ ਸੰਯੁਕਤ ਰਾਜ ਅਮਰੀਕਾ ਦੇ ਬਹੁ-ਗਿਣਤੀ ਭਾਈਚਾਰਿਆਂ ਵਿੱਚ ਧਰਮ ਸਥਾਨਾਂ ਦੇ ਵਿਰੁੱਧ ਹੋਈਆਂ ਹਿੰਸਕ ਕਰਵਾਈਆਂ ਦੀ ਇੱਕ ਲੜੀ ਦੇ ਜਵਾਬ ਵਿੱਚ ਬਣਾਇਆ ਗਿਆ ਹੈ ਅਤੇ ਇਸਦੀ ਰਚਨਾ ਸਥਾਨਕ ਧਾਰਮਿਕ ਕੇਂਦਰਾਂ ਦੀ ਸੁਰੱਖਿਆ ਨੂੰ ਵਧਾਉਣ ਦੇ ਮਕਸਦ ਨਾਲ ਕੀਤੀ ਗਈ ਹੈ। ਬੇਨਤੀ ਉੱਪਰ, ਸੀ.ਆਰ.ਐਸ, (CRS) ਵਿਸ਼ੇ ਦੇ ਮਾਹਰਾਂ ਨੂੰ ਸੱਦ ਕੇ ਨਫ਼ਰਤ ਅਪਰਾਧ ਸੰਬੰਧੀ ਕਨੂੰਨਾ, ਅੰਕੜਿਆਂ ਅਤੇ ਮਾਮਲਿਆਂ ਦੇ ਅਧਿਐਨ, ਅਤੇ ਪਦਾਰਥਕ ਸੁਰੱਖਿਆ ਦੀ ਰੂਪ ਰੇਖਾ ਪ੍ਰਦਾਨ ਕਰਵਾਉਂਦਾ ਹੈ। ਇਹ ਪ੍ਰੋਗਰਾਮ ਗੱਲਬਾਤ ਦੀ ਸਹੂਲਤ ਵੀ ਪ੍ਰਦਾਨ ਕਰਵਾਉਂਦਾ ਹੈ ਅਤੇ ਕਨੂੰਨ ਅਮਲੀਕਰਨ ਸੰਸਥਾਵਾਂ ਅਤੇ ਮਤ ਆਧਾਰਿਤ ਭਾਈਚਾਰਿਆਂ ਵਿਚਕਾਰ ਭਾਈਵਾਲੀਆਂ ਨੂੰ ਬਿਹਤਰ ਬਣਾਉਣ ਵਿੱਚ ਸਹਾਇਕ ਹੁੰਦਾ ਹੈ।

ਪ੍ਰੋਗਰਾਮ ਦੀ ਰੂਪ ਰੇਖਾ

ਨਫ਼ਰਤ ਅਪਰਾਧ ਸੰਬੰਧੀ ਪੈਰਵੀ ਪੈਨਲ ਸਥਾਨਕ ਯੂ.ਐਸ. (U.S.) ਅਟਾਰਨੀ ਦਾ ਦਫ਼ਤਰ ਅਤੇ ਦੇਸ਼ ਜਾਂ ਰਾਜ ਦੇ ਸਰਕਾਰੀ ਵਕੀਲ ਦਾ ਦਫ਼ਤਰ ਫੈਡਰਲ ਅਤੇ ਰਾਜ ਦੇ ਨਫ਼ਰਤ ਅਪਰਾਧ ਦੇ ਨਿਯਮਾਂ ਬਾਰੇ ਵਿਚਾਰ-ਵਿਟਾਂਦਰਾ ਕਰਦੇ ਹਨ ਤਾਂ ਕਿ ਨਫ਼ਰਤ ਅਪਰਾਧਾਂ ਨੂੰ ਰਿਪੋਰਟ ਕਰਨ ਦੀ ਵਿਧੀਆਂ ਅਤੇ ਪੈਰਵੀਆਂ ਬਾਰੇ ਜਨਤਕ ਜਾਗਰੂਕਤਾ ਵੱਧ ਸਕੇ।

ਨਫ਼ਰਤ ਅਪਰਾਧਾਂ ਦੇ ਅੰਕੜੇ ਅਤੇ ਮਾਮਲੇ ਦੇ ਅਧਿਐਨ ਫੈਡਰਲ ਕਨੂੰਨ ਅਮਲੀਕਰਨ ਸੰਸਥਾਵਾਂ ਜਾਂ ਮਾਨਤਾ ਪ੍ਰਾਪਤ ਨਾਗਰਿਕ ਅਧਿਕਾਰ ਸੰਸਥਾਵਾਂ ਦੇ ਪ੍ਰਤੀਨਿਧੀ ਨਫ਼ਰਤ ਅਪਰਾਧਾਂ ਦਾ ਵਰਤਮਾਨ ਡਾਟਾ ਅਤੇ ਰੁਝਾਨ ਪੇਸ਼ ਕਰਦੇ ਹਨ ਅਤੇ ਧਰਮ ਸਥਾਨਾਂ ਵਿਖੇ ਹੋਏ ਨਫ਼ਰਤ ਅਪਰਾਧਾਂ ਦੇ ਹਾਲੀਆ ਉਦਾਹਰਨ ਪ੍ਰਦਾਨ ਕਰਦੇ ਹਨ।

ਕਿਰਿਆਸ਼ੀਲ ਸ਼ੂਟਰ ਦੀ ਸਥਿਤੀ ਵਿੱਚ ਪ੍ਰਤੀਕਿਰਿਆ ਕਰਨਾ ਅਤੇ ਧਰਮ ਸਥਾਨਾਂ ਨੂੰ ਸੁਰੱਖਿਅਤ ਕਰਨਾ ਫੈਡਰਲ, ਰਾਜ ਅਤੇ ਸਥਾਨਕ ਕਨੂੰਨ ਅਮਲੀਕਰਨ ਸੰਸਥਾਵਾਂ ਦੇ ਮਾਹਰ ਕਿਰਿਆਸ਼ੀਲ ਸ਼ੂਟਰ ਦੀ ਸਥਿਤੀ ਵਿੱਚ ਪ੍ਰਤੀਕਿਰਿਆ ਕਰਨ ਦੀ ਰੂਪ ਰੇਖਾ ਅਤੇ ਧਰਮ ਸਥਾਨਾਂ ਦੀ ਪਦਾਰਥੀ ਸੁਰੱਖਿਆ ਦਾ ਮੁਲਾਂਕਣ ਕਰਨ ਦੀਆਂ ਬਿਹਤਰੀਨ ਪ੍ਰਥਾਵਾਂ ਪ੍ਰਦਾਨ ਕਰਦੇ ਹਨ।

ਮਤ ਆਧਾਰਿਤ ਭਾਈਚਾਰੇ ਦੇ ਆਗੂਆਂ ਦਾ ਪੈਨਲ ਮਤ ਅਤੇ ਭਾਈਚਾਰੇ ਦੇ ਆਗੂਆਂ ਦਾ ਇੱਕ ਪੈਨਲ ਕਨੂੰਨ ਅਮਲੀਕਰਨ ਸੰਸਥਾਵਾਂ, ਸੁਰੱਖਿਆ ਮਾਹਰਾਂ, ਅਤੇ ਮਤ-ਆਧਾਰਿਤ ਭਾਈਚਾਰਿਆਂ ਵਿਚਕਾਰ ਸੰਚਾਰ ਨੂੰ ਬਿਹਤਰ ਬਣਾਉਣ ਅਤੇ ਭਰੋਸਾ ਵਧਾਉਣ ਲਈ ਰਣਨੀਤੀਆਂ ਪੇਸ਼ ਕਰਦਾ ਹੈ।

ਸੀ.ਆਰ.ਐਸ. (CRS) ਬਾਰੇ

1964 ਦੇ ਨਾਗਰਿਕ ਅਧਿਕਾਰ ਅਧਿਨਿਯਮ (Civil Rights Act of 1964) ਦੇ ਸਿਰਲੇਖ X ਦੁਆਰਾ ਸਥਾਪਿਤ ਕੀਤਾ, ਅਤੇ 2009 ਦੇ ਮੈਥਿਊ ਸ਼ੈਫ਼ਰਡ ਅਤੇ ਜੇਮਸ ਬਾਯਰਡ ਜੂਨੀਅਰ, ਨਫ਼ਰਤ ਅਪਰਾਧ ਰੋਕਥਾਮ ਅਧਿਨਿਯਮ (Matthew Shepard and James Byrd, Jr., Hate Crimes Prevention Act of 2009) ਦੁਆਰਾ ਵਿਸਤਾਰ ਕੀਤਾ, ਸੀ.ਆਰ.ਐਸ. (CRS) ਉਹਨਾਂ ਭਾਈਚਾਰਿਆਂ ਲਈ "ਅਮਰੀਕਾ ਦੇ ਸ਼ਾਂਤੀਦੂਤ" ਦਾ ਕੰਮ ਕਰਦਾ ਹੈ ਜੋ ਨਸਲ, ਰੰਗ, ਰਾਸ਼ਟਰੀ ਮੂਲ, ਲਿੰਗ, ਲਿੰਗ ਪਛਾਣ, ਜਿਨਸੀ ਰੁਝਾਨ, ਧਰਮ, ਅਤੇ ਅਯੋਗਤਾ ਦੇ ਆਧਾਰ 'ਤੇ ਤਣਾਅ ਜਾਂ ਵਿਵਾਦ ਦਾ ਸਾਹਮਣਾ ਕਰ ਰਹੇ ਹਨ। ਸੀ.ਆਰ.ਐਸ. (CRS) ਦੀਆਂ ਸੇਵਾਵਾਂ ਦਾ ਮਕਸਦ ਸਥਾਨਕ ਭਾਈਚਾਰਿਆਂ ਨੂੰ ਸੁਤੰਤਰ ਤੌਰ 'ਤੇ ਅਤੇ ਇੱਕ ਦੂਜੇ ਨਾਲ ਸਹਿਯੋਗ ਕਰਕੇ ਭਵਿੱਖ ਵਿੱਚ ਹੋਣ ਵਾਲੇ ਵਿਵਾਦਾਂ ਨੂੰ ਸਮੱਸਿਆ ਹੱਲ ਕਰਨ ਦੇ ਤਰੀਕੇ, ਵੱਧੇ ਹੋਏ ਗਿਆਨ, ਅਤੇ ਬਿਹਤਰ ਸੰਚਾਰ ਦੀ ਵਰਤੋ ਕਰਦੇ ਹੋਏ ਰੋਕਣ ਲਈ ਅਤੇ ਉਹਨਾਂ ਦਾ ਹੱਲ ਕਰਨ ਲਈ ਹੋਰ ਸਮਰੱਥ ਬਣਾਉਣਾ ਹੈ।

ਸੀ.ਆਰ.ਐਸ. (CRS) ਦੀਆਂ ਸੇਵਾਵਾਂ ਅਤੇ ਪ੍ਰੋਗਰਾਮ

ਸੀ.ਆਰ.ਐਸ. (CRS) ਵੱਲੋਂ ਤਣਾਅ ਦਾ ਸਾਹਮਣਾ ਕਰ ਰਹੇ ਭਾਈਚਾਰਿਆਂ ਲਈ ਪ੍ਰੋਗਰਾਮਾਂ ਦੀ ਇੱਕ ਲੜੀ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਨੂੰ ਉਹ ਸਮਝ ਪੈਦਾ ਕਰਨ, ਸਹਿਕਾਰਤਾ ਨੂੰ ਸੁਧਾਰਨ, ਅਤੇ ਭਵਿੱਖ ਵਿੱਚ ਹੋ ਸਕਣ ਵਾਲੇ ਮੱਤ-ਭੇਦਾਂ ਦੀ ਰੋਕਥਾਮ ਲਈ ਇੱਕ ਟੂਲ ਵਜੋਂ ਵਰਤ ਸਕਦੇ ਹਨ। ਸੀ.ਆਰ.ਐਸ. (CRS) ਦੇ ਕਰਮਚਾਰੀ ਪੇਸ਼ਾਵਰ ਵਿਚੋਲੇ, ਸਹਾਇਕ, ਸਿੱਖਿਅਕ, ਅਤੇ ਸਲਾਹਕਾਰ ਹਨ ਜੋ ਕਿ ਭਾਈਚਾਰੇ ਦੇ ਮੈਂਬਰਾਂ ਨੂੰ ਇਕੱਠੇ ਕਰਕੇ ਉਹਨਾਂ ਦੀ ਮੌਜੂਦਾ ਵਿਵਾਦਾਂ ਦਾ ਹੱਲ ਕਰਨ ਅਤੇ ਭਵਿੱਖ ਵਿੱਚ ਹੋ ਸਕਣ ਵਾਲੇ ਵਿਵਾਦਾਂ ਦੀ ਰੋਕਥਾਮ ਕਰਨ ਦੀ ਸਮਰੱਥਾ ਨੂੰ ਹੋਰ ਵਧਾਉਣ ਵਿੱਚ ਅਨੁਭਵ ਰੱਖਦੇ ਹਨ।

ਅਸੀਂ ਕਿੱਥੇ ਕੰਮ ਕਰਦੇ ਹਾਂ

ਸੀ.ਆਰ.ਐਸ. (CRS) ਹੈੱਡਕੁਆਰਟਰ
ਵਾਸ਼ਿੰਗਟਨ, ਡੀ.ਸੀ.

ਸੀ.ਆਰ.ਐਸ. (CRS) ਦੇ ਖੇਤਰੀ ਦਫ਼ਤਰ

ਨਿਊ ਇੰਗਲੈਂਡ
ਬਾਸਟਨ, ਮੈਸਾਚੂਸੇਟਸ

ਮਿਡਵੈਸਟ
ਸ਼ਿਕਾਗੋ, ਇੱਲੀਨਾਏ

ਵੈਸਟਰਨ
ਲਾਸ ਐਂਜਲਿਸ, ਕੈਲੀਫੋਰਨੀਆ

ਨਾਰਥਈਸਟ
ਨਿਊ ਯਾਰਕ, ਨਿਊ ਯਾਰਕ

ਸਾਊਥਵੈਸਟ
ਡੈਲਾਸ, ਟੈਕਸਸ

ਨਾਰਥਵੈਸਟ
ਸੀਐਟਲ, ਵਾਸ਼ਿੰਗਟਨ

ਮਿਡ-ਅਟਲਾਂਟਿਕ
ਫ਼ਿਲਾਡੈਲਫਿਆ, ਪੈਨਸਿਲਵੇਨਿਆ

ਸੈਂਟਰਲ
ਕੈਨਸਾਸ ਸਿਟੀ, ਮਿਜ਼ੂਰੀ

ਸੀ.ਆਰ.ਐਸ. (CRS) ਦੇ ਫੀਲਡ ਦਫ਼ਤਰ

ਸਾਊਥਈਸਟ
ਅਟਲਾਂਟਾ, ਜਾਰਜੀਆ

ਰੋਕੀ ਮਾਊਂਟੇਨ
ਡੈਨਵਰ, ਕੋਲੋਰਾਡੋ

ਮਿਆਮੀ, ਫਲੋਰੀਡਾ
ਡਿਟਰਾਇਟ, ਮਿੱਸ਼ੀਗਨ
ਹੂਸਟਨ, ਟੈਕਸਾਸ
ਸੈਨ ਫ੍ਰਾਂਸਿਸਕੋ, ਕੈਲੀਫੋਰਨੀਆ



ਸਾਡੇ ਤੱਕ ਪਹੁੰਚੋ, ਅਤੇ ਸਾਡੇ ਨਾਲ ਜੁੜੋ

www.justice.gov/crs

facebook.com/DOJCRS/ | @DOJ_CRS | askcrs@usdoj.gov | 202.305.2935

ਇਸ ਪ੍ਰੋਗਰਾਮ ਬਾਰੇ ਜਾਂ ਸੀ.ਆਰ.ਐਸ. (CRS) ਦੀਆਂ ਹੋਰ ਸੇਵਾਵਾਂ ਬਾਰੇ ਵਧੇਰੇ ਜਾਣਕਾਰੀ ਲਈ, ਕਿਰਪਾ ਕਰਕੇ ਆਪਣੇ ਸਥਾਨਕ ਸੀ.ਆਰ.ਐਸ. (CRS) ਦਫ਼ਤਰ ਨਾਲ ਸੰਪਰਕ ਕਰੋ:
https://www.justice.gov/crs/about-crs/regional-and-field-offices